# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 22-04-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਸਾਊਦੀ ਅਰਬ ਦੇ ਆਪਣੇ ਦੋ ਦਿਨਾਂ ਸਰਕਾਰੀ ਦੌਰੇ ਲਈ ਰਵਾਨਾ ਹੋ ਗਏ ਨੇ. ਇਸ ਤੋਂ ਪਹਿਲਾਂ ਆਪਣੇ ਰਵਾਨਗੀ ਬਿਆਨ ਵਿੱਚ, ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਭਾਰਤ ਸਾਊਦੀ ਅਰਬ ਨਾਲ ਆਪਣੇ ਲੰਮੇ ਅਤੇ ਇਤਿਹਾਸਕ ਸਬੰਧਾਂ ਦੀ ਬੇਹਦ ਕਦਰ ਕਰਦਾ ਏ, ਜਿਨ੍ਹਾਂ ਨੇ ਹਾਲ ਹੀ ਦੇ ਸਾਲਾਂ ਵਿੱਚ ਰਣਨੀਤਕ ਡੂੰਘਾਈ ਅਤੇ ਗਤੀ ਪ੍ਰਾਪਤ ਕੀਤੀ ਏ। ਪ੍ਰਧਾਨ ਮੰਤਰੀ ਮੋਦੀ ਨੇ ਭਾਰਤ-ਸਾਊਦੀ ਅਰਬ ਸਬੰਧਾਂ ਦੀ "ਅਸੀਮਤ ਸੰਭਾਵਨਾ" ਦੀ ਸ਼ਲਾਘਾ ਕੀਤੀ, ਤੇ ਇਸ ਦੇਸ਼ ਨੂੰ ਇੱਕ "ਭਰੋਸੇਯੋਗ ਦੋਸਤ ਅਤੇ ਰਣਨੀਤਕ ਸਹਿਯੋਗੀ" ਕਿਹਾ। Arab News ਨਾਲ ਇੱਕ ਇੰਟਰਵਿਊ ਵਿੱਚ, ਉਨ੍ਹਾਂ ਨੇ 2019 ਵਿੱਚ ਰਣਨੀਤਕ ਭਾਈਵਾਲੀ ਕੌਂਸਲ ਦੀ ਸ਼ੁਰੂਆਤ ਤੋਂ ਬਾਅਦ ਦੁਵੱਲੇ ਸਬੰਧਾਂ ਦੇ ਡੂੰਘੇ ਹੋਣ 'ਤੇ ਚਾਨਣਾ ਪਾਇਆ, ਅਤੇ ਵਲੀ ਅਹਿਦ ਸ਼ਹਿਜ਼ਾਦੇ ਮੁਹੰਮਦ ਬਿਨ ਸਲਮਾਨ ਦੀ ਅਗਵਾਈ ਅਤੇ ਵਿਜ਼ਨ 2030 ਸੁਧਾਰਾਂ ਦੀ ਸ਼ਲਾਘਾ ਕੀਤੀ। ਪ੍ਰਧਾਨ ਮੰਤਰੀ ਮੋਦੀ ਨੇ ਊਰਜਾ, ਖੇਤੀਬਾੜੀ, ਖਾਦ, ਚੁਗਿਰਦੇ ਪਖੀ ਹਾਈਡ੍ਰੋਜਨ ਅਤੇ

ਤਕਨਾਲੋਜੀ ਸਮੇਤ ਧਿਆਨ ਦਿੱਤੇ ਜਾਣ ਵਾਲੇ ਮੁਖ ਖੇਤਰਾਂ ਦੇ ਨਾਲ, ਵਿਸ਼ਵਵਿਆਪੀ ਚੁਣੌਤੀਆਂ ਦੇ ਬਾਵਜੂਦ ਮਜ਼ਬੂਤ ਵਪਾਰ ਵਿਕਾਸ ਦਾ ਜ਼ਿਕਰ ਕੀਤਾ । ਸ਼੍ਰੀ ਮੋਦੀ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਦੌਰਾ ਸਾਊਦੀ ਅਰਬ ਨਾਲ ਸਬੰਧਾਂ ਨੂੰ ਮਜ਼ਬੂਤ ਕਰਨ ਲਈ ਭਾਰਤ ਦੀ ਵਚਨਬੱਧਤਾ ਨੂੰ ਦਰਸਾਉਂਦਾ ਏ ।

---------------------------------------------------------------

ਚੌਗਿਰਦਾ ਸੁਰੱਖਿਆ ਦੇ ਉਪਰਾਲਿਆਂ ਦਾ ਹਮਾਇਤ  ਕਰਨ ਲਈ ਅੱਜ ਦੁਨੀਆ ਭਰ ਵਿੱਚ ਧਰਤੀ ਦਿਵਸ ਮਨਾਇਆ ਜਾ ਰਿਹਾ ਏ । ਸਾਲ 1969 ਵਿੱਚ ਯੂਨੈਸਕੋ ਸੰਮੇਲਨ ਵਿੱਚ ਸੁਝਾਅ ਦਿੱਤੇ ਜਾਣ ਤੋਂ ਬਾਅਦ, ਧਰਤੀ ਦਿਵਸ ਪਹਿਲੀ ਵਾਰ 1970 ਵਿੱਚ ਮਨਾਇਆ ਗਿਆ ਸੀ। ਇਸ ਸਾਲ ਧਰਤੀ ਦਿਵਸ ਦਾ ਵਿਸ਼ਾ "ਸਾਡੀ ਸ਼ਕਤੀ, ਸਾਡਾ ਗ੍ਰਹਿ" ਰੱਖਿਆ ਗਿਆ ਏ ।ਧਰਤੀ ਦਿਵਸ ਦਾ ਉਦੇਸ਼ ਚੌਗਿਰਦੇ ਸਬੰਧੀ ਮੁੱਦਿਆਂ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਅਤੇ ਧਰਤੀ ਦੀ ਰੱਖਿਆ ਲਈ ਕਾਰਵਾਈ ਕਰਨ ਲਈ ਪ੍ਰੇਰਿਤ ਕਰਨਾ ਏ ।

---------------------------------------------------------------

ਪੰਜਾਬ ਪੁਲਿਸ ਨੇ ਜੇਲ੍ਹ ਵਿੱਚ ਬੰਦ **ਖਡੂਰ ਸਾਹਿਬ** ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੀ ਰਾਸ਼ਟਰੀ ਸੁਰੱਖਿਆ ਕਾਨੂੰਨ ਤਹਿਤ ਨਜ਼ਰਬੰਦੀ

ਵਧਾਉਣ ਦਾ ਵਿਰੋਧ ਕਰ ਕੇ ਅਸ਼ਾਂਤੀ ਭੜਕਾਉਣ ਦੀ ਯੋਜਨਾ ਬਣਾਉਣ ਅਤੇ ਕੇਂਦਰ ਸਰਕਾਰ ਦੇ ਕੁਝ ਸਿਆਸੀ ਨੇਤਾਵਾਂ ਅਤੇ ਹੋਰਾਂ 'ਤੇ ਹਮਲਾ ਕਰਨ ਦੇ ਦੋਸ਼ ਵਿੱਚ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ।ਸੁਰੱਖਿਆ ਏਜੰਸੀਆਂ ਨੇ ਇਹ ਕਦਮ ਕੱਲ੍ਹ 'ਵਾਰਿਸ ਪੰਜਾਬ ਦੇ ਟੀਮ' ਨਾ ਦੀ ਵਟਸਐਪ ਗਰੁੱਪ 'ਤੇ ਉਨ੍ਹਾਂ ਦੀ ਚੈਟ ਦੀ ਆਡੀਓ ਕਲਿੱਪ ਵਾਇਰਲ ਹੋਣ ਤੋਂ ਬਾਅਦ ਚੁੱਕਿਆ । ਫਰੀਦਕੋਟ ਰੇਂਜ ਦੇ ਡਿਪਟੀ ਇੰਸਪੈਕਟਰ ਜਨਰਲ ਅਸ਼ਵਨੀ ਕਪੂਰ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਚਾਰ ਵਿਅਕਤੀਆਂ ਦੀ ਪਛਾਣ ਕਰ ਲਈ ਗਈ ਏ।**Byte–**

ਉਨ੍ਹਾਂ ਕਿਹਾ ਕਿ ਪੁਲਿਸ ਗਰੁੱਪ ਦੇ 25 ਤੋਂ 30 ਹੋਰ ਮੈਂਬਰਾਂ ਦੀ ਭਾਲ ਕਰ ਰਹੀ ਏ ਜੋ ਦੇਸ਼ ਵਿਰੋਧੀ ਗੱਲਬਾਤ ਵਿੱਚ ਸ਼ਾਮਲ ਸਨ। ਇਸ ਤੋਂ ਪਹਿਲਾਂ, ਕੇਂਦਰੀ ਰੇਲਵੇ ਅਤੇ ਖੁਰਾਕ ਪ੍ਰੋਸੈਸਿੰਗ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਬੀਤੇ ਐਤਵਾਰ ਨੂੰ ਇਨ੍ਹਾਂ ਲੋਕਾਂ 'ਤੇ ਉਨ੍ਹਾਂ ਅਤੇ ਪੰਜਾਬ ਦੇ ਹੋਰ ਸਿਆਸੀ ਨੇਤਾਵਾਂ ਨੂੰ ਮਾਰਨ ਦੀ ਸਾਜ਼ਿਸ਼ ਰਚਣ ਦਾ ਦੋਸ਼ ਲਾਉਂਦੇ ਹੋਏ, ਉਨ੍ਹਾਂ ਦੀ ਤੁਰੰਤ ਗ੍ਰਿਫਤਾਰੀ ਦੀ ਮੰਗ ਕੀਤੀ। ਇਸੇ ਤਰ੍ਹਾਂ, ਸ਼੍ਰੋਮਣੀ ਅਕਾਲੀ ਦਲ ਦੇ ਆਗੂ ਬਿਕਰਮ ਸਿੰਘ ਮਜੀਠੀਆ ਨੇ ਇੱਕ ਵਟਸਐਪ ਗਰੁੱਪ ਦੇ ਸਾਰੇ ਮੈਂਬਰਾਂ ਨੂੰ ਗ੍ਰਿਫ਼ਤਾਰ ਕਰਨ ਦੀ ਮੰਗ ਕੀਤੀ ਏ ਜੋ

ਕਥਿਤ ਤੌਰ 'ਤੇ ਉੱਚ-ਪ੍ਰੋਫਾਈਲ ਸਿਆਸਤਦਾਨਾਂ ਦੇ ਕਤਲ ਦੀ ਸਾਜ਼ਿਸ਼ ਰਚ ਰਿਹਾ ਸੀ।

---------------------------------------------------------

ਪੰਜਾਬ ਸਰਕਾਰ ਸੂਬੇ ਦੇ ਬਜ਼ੁਰਗਾਂ, ਵਿਧਵਾ ਅਤੇ ਬੇਸਹਾਰਾ ਮਹਿਲਾਵਾਂ, ਦਿਵਿਆਂਗਜਨਾਂ ਅਤੇ ਬੱਚਿਆਂ ਦੀ ਭਲਾਈ ਲਈ ਲਗਾਤਾਰ ਕੰਮ ਕਰ ਰਹੀ ਏ। ਇਸੇ ਦ੍ਰਿਸ਼ਟੀਕੋਣ ਨੂੰ ਧਿਆਨ ਵਿੱਚ ਰੱਖਦਿਆਂ ਸਮਾਜਿਕ ਸੁਰੱਖਿਆ, ਔਰਤਾਂ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਸਮਾਜਿਕ ਭਲਾਈ ਦੀਆਂ ਸਕੀਮਾਂ ਨੂੰ ਪੂਰੀ ਪਾਰਦਰਸ਼ਤਾ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾਵੇ । ਪੰਜਾਬ ਸਿਵਲ ਸਕੱਤਰੇਤ ਵਿਖੇ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਡਾ. ਬਲਜੀਤ ਕੌਰ ਨੇ ਕਿਹਾ ਕਿ ਇਹ ਸਕੀਮਾਂ ਸਿੱਧਾ ਆਮ ਜਨਤਾ ਨਾਲ ਸਬੰਧਿਤ ਨੇ, ਇਸ ਲਈ ਯਕੀਨੀ ਬਣਾਇਆ ਜਾਵੇ ਕਿ ਹਰ ਹੱਕਦਾਰ ਲਾਭਪਾਤਰੀ ਤੱਕ ਇਹਨਾਂ ਸਕੀਮਾਂ ਦਾ ਲਾਭ ਬਿਨਾ ਰੁਕਾਵਟ ਪਹੁੰਚੇ। ਉਨ੍ਹਾਂ ਨੇ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਮੁੱਖ ਸਕੀਮਾਂ ਜਿਵੇਂ ਕਿ ਬੁਢਾਪਾ ਪੈਨਸ਼ਨ, ਵਿਧਵਾ ਤੇ ਬੇਸਹਾਰਾ ਮਹਿਲਾਵਾਂ, ਦਿਵਿਆਂਗਜਨਾਂ ਅਤੇ ਬੇਸਹਾਰਾ ਬੱਚਿਆਂ ਲਈ ਦਿੱਤੀ ਜਾਣ

ਵਾਲੀ ਮਾਲੀ  ਸਹਾਇਤਾ ਆਦਿ ’ਤੇ ਵਿਸਤ੍ਰਿਤ ਚਰਚਾ ਕੀਤੀ। ਮੰਤਰੀ ਨੇ ਸਾਫ਼ ਕੀਤਾ ਕਿ ਇਹ ਸਕੀਮਾਂ ਹਾਸ਼ੀਏ ’ਤੇ ਪਏ ਲੋਕਾਂ ਲਈ ਜੀਵਨ ਚੱਲਣ ਦਾ ਸਾਧਨ ਨੇ ਅਤੇ ਉਨ੍ਹਾਂ ਨੂੰ ਲਾਗੂ ਕਰਨ ਵਿੱਚ ਲਾਪਰਵਾਹੀ ਵਰਤਣ ਵਾਲੇ ਕਿਸੇ ਵੀ ਅਧਿਕਾਰੀ ਜਾਂ ਮੁਲਾਜ਼ਮਾਂ  ਨਾਲ ਰਿਆਯਤ ਨਹੀਂ ਕੀਤੀ ਜਾਵੇਗੀ।ਡਾ. ਬਲਜੀਤ ਕੌਰ ਨੇ ਕਿਹਾ ਕਿ ਸਮਾਜਿਕ ਸੁਰੱਖਿਆ ਸਕੀਮਾਂ ਸਿਰਫ ਆਰਥਿਕ ਸਹਾਇਤਾ ਦਾ ਸਾਧਨ ਨਹੀਂ, ਸਗੋਂ ਇਹ ਲੋਕਾਂ ਦੀ ਆਤਮ-ਗਰਿਮਾ ਨਾਲ ਜੁੜੀਆਂ ਹੋਈਆਂ ਨੇ।ਕੈਬਨਿਟ ਮੰਤਰੀ ਨੇ ਕਿਹਾ ਕਿ ਸਰਕਾਰ ਸੂਬੇ ਨੂੰ "ਰੰਗਲਾ ਪੰਜਾਬ" ਬਣਾਉਣ ਲਈ ਹਰ ਸੰਭਵ ਯਤਨ ਕਰ ਰਹੀ ਏ ਅਤੇ ਸਮਾਜਿਕ ਸੁਰੱਖਿਆ ਵਿਭਾਗ ਦੀਆਂ ਸਕੀਮਾਂ ਇਸ ਦ੍ਰਿਸ਼ਟੀਕੋਣ ਦੀ ਪ੍ਰਾਪਤੀ ਵਿੱਚ ਅਹਿਮ ਭੂਮਿਕਾ ਨਿਭਾ ਰਹੀਆਂ ਨੇ ।

--------------------------------------------------------------------

ਆਲ ਇੰਡੀਆ ਪੁਲਿਸ ਕੰਟਰੋਲ ਬੋਰਡ ਵੱਲੋਂ ਉੜੀਸਾ ਵਿੱਚ ਕਰਵਾਈਆਂ ਗਈਆਂ 73ਵੀਆਂ ਆਲ ਇੰਡੀਆ ਪੁਲਿਸ ਖੇਡਾਂ ਵਿੱਚ ਪੰਜਾਬ ਪੁਲਿਸ ਹਾਕੀ ਟੀਮ ਲਗਾਤਾਰ ਚੌਥੀ ਵਾਰ ਚੈਂਪੀਅਨ ਬਣੀ ਏ । ਏਡੀਜੀਪੀ ਐਮਐਫ ਫਾਰੂਕੀ ਨੇ ਜਲੰਧਰ ਪਹੁੰਚਣ 'ਤੇ ਟੀਮ ਦਾ ਸਨਮਾਨ ਕੀਤਾ। ਆਲ ਇੰਡੀਆ ਪੁਲਿਸ ਚੈਂਪੀਅਨਸ਼ਿਪ ਵਿੱਚ 26 ਰਾਜਾਂ ਦੀਆਂ ਹਾਕੀ

ਪੁਲਿਸ ਟੀਮਾਂ ਅਤੇ ਅਰਧ ਸੈਨਿਕ ਬਲਾਂ ਦੀਆਂ ਟੀਮਾਂ ਨੇ ਹਿੱਸਾ ਲਿਆ। ਫਾਈਨਲ ਵਿੱਚ, ਪੰਜਾਬ ਪੁਲਿਸ ਨੇ ਸੀ.ਆਰ.ਪੀ.ਐਫ. ਨੂੰ ਸਖ਼ਤ ਮੁਕਾਬਲੇ ਵਿੱਚ 2-1 ਨਾਲ ਹਰਾ ਕੇ ਸੋਨ ਤਮਗਾ ਜਿੱਤਿਆ। ਹਰਦੀਪ ਸਿੰਘ ਅਤੇ ਪਵਨ ਦੀਪ ਸਿੰਘ ਨੇ ਗੋਲ ਕਰ ਕੇ ਟੀਮ ਨੂੰ ਇਹ ਜਿੱਤ ਦਿਵਾਈ । ਫਾਈਨਲ ਵਿੱਚ ਦਿਲਪ੍ਰੀਤ ਸਿੰਘ ਨੂੰ ਮੈਨ ਆਫ਼ ਦ ਮੈਚ, ਮਨਪ੍ਰੀਤ ਸਿੰਘ ਨੂੰ ਪਲੇਅਰ ਆਫ਼ ਦ ਟੂਰਨਾਮੈਂਟ ਅਤੇ ਸ਼ਮਸ਼ੇਰ ਸਿੰਘ ਨੂੰ ਸਭ ਤੋਂ ਘੱਟ ਉਮਰ ਦਾ ਖਿਡਾਰੀ ਚੁਣਿਆ ਗਿਆ।